**ਪੰਜਾਬ ਸਰਕਾਰ**

**ਸਕੂਲ ਸਿੱਖਿਆ ਵਿਭਾਗ**

ਸੇਵਾ ਵਿਖੇ

1. ਸਮੂਹ ਜਿਲ੍ਹਾ ਸਿਖਿਆ ਅਫਸਰ (ਸੈ.ਸਿ./ਐ.ਸਿ.)
2. ਸਮੂਹ ਸਰਕਾਰੀ ਸਕੂਲਾਂ ਦੇ ਮੁਖੀ
   ਪੰਜਾਬ ਰਾਜ।

ਮੀਮੋ ਨੰ. 6/1-੨੦੨੧ ਵਜੀਫਾ(੨)/੨੦੨੧੨੩੪੬੨੨

ਮਿਤੀ: ੦੧-੦੭-੨੦੨੧

**ਵਿਸ਼ਾ:-** **ਵਿਦਿਆਰਥੀਆਂ ਦੇ ਜ਼ੀਰੋ ਬੈਲੈਂਸ ਬੈਂਕ ਖਾਤੇ ਖੁਲ੍ਹਵਾਉਣ ਸਬੰਧੀ।**

**1.0** ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

**2.0** ਜਿਵੇਂ ਕਿ ਆਪ ਨੂੰ ਪਤਾ ਹੈ ਕਿ ਪੰਜਾਬ ਰਾਜ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਰਕਾਰ ਦੁਆਰਾ ਵੱਖ-ਵੱਖ ਸਕੀਮਾਂ ਤਹਿਤ ਵਜ਼ੀਫਾ ਦਿੱਤਾ ਜਾਂਦਾ ਹੈ ਅਤੇ ਇਹ ਰਾਸ਼ੀ ਸਿੱਧੇ ਤੌਰ ਤੇ ਵਿਦਿਆਰਥੀਆਂ ਦੇ ਬੈਂਕ ਖਾਤਿਆਂ ਵਿੱਚ ਭੇਜੀ ਜਾਂਦੀ ਹੈ। ਇਸ ਮੰਤਵ ਲਈ ਸਕੂਲੀ ਵਿਦਿਆਰਥੀਆਂ ਦੁਆਰਾ ਆਪਣਾ ਇੱਕ ਬੈਂਕ ਖਾਤਾ ਖੁਲ੍ਹਵਾਉਣਾ ਜਰੂਰੀ ਹੈ। ਇਹ ਗੱਲ ਧਿਆਨ ਵਿੱਚ ਆਈ ਹੈ ਕਿ ਬਹੁਤ ਸਾਰੇ ਸਕੂਲ ਮੁਖੀ ਇਸ ਸਬੰਧ ਵਿੱਚ ਕੁਝ ਔਕੜਾਂ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਦੀਆਂ ਸਮੱਸਿਆਂਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਭਾਗ ਦੁਆਰਾ ਬੈਂਕ ਅਧਿਕਾਰੀਆਂ ਨਾਲ ਵੀ ਵਿਸਥਾਰ ਸਹਿਤ ਮੀਟਿੰਗ ਕੀਤੀ ਗਈ ਹੈ। ਇਸ ਮੀਟਿੰਗ ਦੌਰਾਨ ਇਹ ਗੱਲ ਧਿਆਨ ਵਿੱਚ ਲਿਆਂਦੀ ਗਈ ਹੈ ਕਿ ਕਈ ਵਾਰ ਸਕੂਲ ਮੁਖੀਆਂ ਦੁਆਰਾ ਵਿਦਿਆਰਥੀਆਂ ਦੇ ਫਾਰਮਾਂ ਤੇ ਲੋੜੀਂਦੇ ਕਾਊਂਟਰ ਸਾਈਨ ਨਹੀਂ ਕੀਤੇ ਜਾਂਦੇ, ਜਿਸ ਤੋਂ ਇਹ ਸਾਬਿਤ ਹੋ ਸਕੇ ਕਿ ਇਹ ਕਿਸ ਸਕੂਲ ਵਿਸ਼ੇਸ਼ ਦੇ ਵਿਦਿਆਰਥੀ ਹਨ। ਅਜਿਹੀ ਸਥਿਤੀ ਵਿੱਚ ਬਹੁਤ ਸਾਰੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।

**3.0** ਉਪਰੋਕਤ ਨੂੰ ਧਿਆਨ ਵਿੱਚ ਰੱਖਦੇ ਹੋਏ ਸਮੂਹ ਸਕੂਲ ਮੁਖੀਆਂ ਨੂੰ ਲਿਖਿਆ ਜਾਂਦਾ ਹੈ ਕਿ ਉਕਤ ਮੰਤਵ ਲਈ ਜਿਨ੍ਹਾਂ ਵਿਦਿਆਰਥੀਆਂ ਦੇ ਜ਼ੀਰੋ ਬੈਲੈਂਸ ਬੈਂਕ ਖਾਤੇ ਖੁਲ੍ਹਵਾਉਣੇ ਰਹਿੰਦੇ ਹਨ ਅਤੇ ਉਨ੍ਹਾਂ ਦੇ ਫਾਰਮਾਂ ਤੇ ਸਕੂਲ ਮੁਖੀ ਦੇ ਹਸਤਾਖਰ ਕਰਵਾਉਣੇ ਲੋੜੀਂਦੇ ਹਨ, ਅਜਿਹੇ ਫਾਰਮਾਂ ਤੇ ਤੁਰੰਤ ਹਸਤਾਖਰ ਕੀਤੇ ਜਾਣ। ਜਿੱਥੇ ਕਿਤੇ ਵਿਦਿਆਰਥੀਆਂ ਦੀ ਜ਼ਿਆਦਾ ਗਿਣਤੀ ਕਾਰਨ ਸਕੂਲ ਮੁਖੀ ਇਹ ਹਸਤਾਖਰ ਕਰਨ ਤੋਂ ਅਸਮਰੱਥ ਹਨ ਤਾਂ ਉਹ ਆਪਣੇ ਸਕੂਲ ਦੇ ਲੋੜ ਅਨੁਸਾਰ ਇੱਕ ਜਾਂ ਇੱਕ ਤੋਂ ਵੱਧ ਅਧਿਆਪਕਾਂ ਨੂੰ ਫਾਰਮਾਂ ਤੇ ਹਸਤਾਖਰ ਕਰਨ ਲਈ ਲੋੜੀਂਦੀ ਅਥਾਰਟੀ ਦੇ ਸਕਦੇ ਹਨ।

**4.0** ਉਪਰੋਕਤ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ ਜੀ।

**ਸਕੱਤਰ ਸਕੂਲ ਸਿੱਖਿਆ**